Dispatch no. I/23398/2020

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਛੱਤੀਸਗੜ੍ਹ ਵਾਪਸ ਪਰਤਣ ਲਈ, ਛੱਤੀਸ਼ਗੜ ਦੇ ਵਸਨੀਕਾਂ ਲਈ ਸਰਕਾਰ ਪੋਰਟਲ ਸ਼ੁਰੂ

ਲਿੰਕ http:cglabour.nic.in/covid19MigrantRegistrationService.aspx ਤੇ ਰਜਿਸਟਿਡ ਹੋਣਾ ਜਰੂਰੀ

ਫਰੀਦਕੋਟ 10 ਮਈ ( ) : ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਮੱਦੇਨਜ਼ਰ ਲਗਾਏ ਗਏ ਕਰਫਿਊ ਦੌਰਾਨ ਬਾਹਰਲੇ ਰਾਜਾਂ ਦੇ ਕਈ ਵਿਅਕਤੀ ਫਰੀਦਕੋਟ ਜ਼ਿਲ੍ਹੇ ਵਿੱਚ ਫਸੇ ਹੋਏ ਹਨ ਅਤੇ ਆਪਣੇ ਘਰ ਜਾਣ ਦੇ ਇੱਛੁਕ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਛੱਤੀਸਗੜ੍ਹ ਰਾਜ ਵਾਪਸ ਪਰਤਣ ਲਈ, ਛੱਤੀਸ਼ਗੜ ਸਰਕਾਰ ਨੇ ਇੱਕ ਆਨ ਲਾਈਨ ਲਿੰਕ http:cglabour.nic.in/covid19MigrantRegistrationService.aspx ਜਾਰੀ ਕੀਤਾ ਹੈ ।ਇਸ ਲਿੰਕ ਤੇ ਅਪਲਾਈ ਕਰਨ ਨਾਲ ਹੀ ਲੋਕ ਛੱਤੀਸਗੜ੍ਹ ਵਾਪਸ ਆ ਸਕਣਗੇ।

ਇਸ ਤੋਂ ਇਲਾਵਾ 24 ਘੰਟੇ ਦੀ ਹੈਲਪਲਾਈਨ ਨੰਬਰ 0771-2443809, 9109849992,7587821800,7587822800,9685850444,9109283986 ਅਤੇ 8827773986 'ਤੇ ਸੰਪਰਕ ਕੀਤਾ ਜਾ ਸਕਦਾ ਹੈ ।

DispAtch no. I/23406/2020

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਝਾਰਖੰਡ ਦੇ 105 ਲੋਕ ਫਰੀਦਕੋਟ ਤੋਂ ਵਿਸ਼ੇਸ਼ ਬੱਸਾਂ ਰਾਹੀਂ ਰੇਲਵੇ ਸਟੇਸ਼ਨ ਬਠਿੰਡਾ ਲਈ ਰਵਾਨਾ

ਬਠਿੰਡਾ ਤੋਂ ਸਪੈਸ਼ਲ ਟਰੇਨ ਰਾਹੀਂ ਝਾਰਖੰਡ ਦੇ ਡਾਲਟੇਲ ਸਟੇਸ਼ਨ ਤੱਕ ਜਾਣਗੇ

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਸਮੂਹ ਅਧਿਕਾਰੀਆਂ ਨੇ ਝਾਰਖੰਡ ਦੇ ਲੋਕਾਂ ਦੇ ਚੰਗੇ ਸਫ਼ਰ ਲਈ ਕਾਮਨਾ ਕਰਕੇ ਰਵਾਨਾ ਕੀਤਾ।

ਵਾਪਸ ਜਾ ਰਹੇ ਮਜ਼ਦੂਰਾਂ ਨੇ ਹਾਲਾਤ ਆਮ ਵਰਗੇ ਹੋਣ ਉਪਰੰਤ ਵਾਪਸ ਫਰੀਦਕੋਟ ਆਉਣ ਦੀ ਇੱਛਾ ਜ਼ਾਹਰ ਕੀਤੀ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਝਾਰਖੰਡ ਦੇ ਜਾ ਰਹੇ ਲੋਕਾਂ ਨੂੰ ਦੋ ਵਕਤ ਦਾ ਖਾਣਾ ਅਤੇ ਸੁੱਕੀ ਰਸਦ ਸਫ਼ਰ ਲਈ ਦਿੱਤੀ

ਫਰੀਦਕੋਟ 10 ਮਈ ( ) ਪੰਜਾਬ ਸਰਕਾਰ ਵੱਲੋਂ ਰਾਜ ਵਿਚ ਦੂਜੇ ਰਾਜਾਂ ਦੇ ਵਸਨੀਕਾਂ ਜੋ ਕਿ ਕਰਫਿਊ ਜਾਂ ਲਾਕਡਾਊਨ ਦੌਰਾਨ ਜ਼ਿਲ੍ਹੇ ਵਿਚ ਫਸ ਗਏ ਸਨ ਉਨ੍ਹਾਂ ਨੂੰ ਉਨ੍ਹਾਂ ਦੇ ਗ੍ਰਹਿ ਰਾਜਾਂ ਵਿਚ ਵਾਪਿਸ ਭੇਜਣ ਲਈ ਵੱਡੀ ਪੱਧਰ ਤੇ ਮੁਹਿੰਮ ਸ਼ੁਰੂ ਕੀਤੀ ਹੋਈ ਹੈ।ਜਿਸ ਤਹਿਤ ਫਰੀਦਕੋਟ ਜ਼ਿਲ੍ਹੇ ਵਿਚ ਝਾਰਖੰਡ ਰਾਜ ਨਾਲ ਸਬੰਧਤ ਵੱਡੀ ਗਿਣਤੀ ਵਿਚ ਉਥੋ ਦੇ ਵਸਨੀਕਾਂ ਨੂੰ ਉਨ੍ਹਾਂ ਦੇ ਪਿੱਤਰੀ ਰਾਜ ਵਿਚ ਵਾਪਸ ਭੇਜਿਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਵਲੋਂ ਅੱਜ ਇਥੋਂ ਦੇ ਬੱਸ ਸਟੈਂਡ ਤੋਂ ਪੀ ਆਰ ਟੀ ਸੀ ਦੀਆਂ 3 ਬੱਸਾਂ ਵਿਚ ਝਾਰਖੰਡ ਨਾਲ ਸਬੰਧਿਤ 105 ਲੋਕਾਂ ਨੂੰ ਬਠਿੰਡਾ ਲਈ ਰਵਾਨਾ ਕੀਤਾ ਗਿਆ ਜਿਥੋਂ ਝਾਰਖੰਡ ਲਈ ਸਪੈਸ਼ਲ ਰੇਲ ਗੱਡੀ ਸ਼ਾਮ 5 ਵਜੇ ਰਵਾਨਾ ਹੋਵੇਗੀ ਅਤੇ ਇਹ ਉਥੋਂ ਦੇ ਡਾਲਟੇਲ ਸਟੇਸ਼ਨ ਤੱਕ ਜਾਵੇਗੀ।

ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਨੇ ਇਸ ਮੌਕੇ ਦੱਸਿਆ ਕਿ ਇਨ੍ਹਾਂ ਮਜ਼ਦੂਰਾਂ ਵੱਲੋਂ ਪੰਜਾਬ ਸਰਕਾਰ ਦੀ ਵੈਬ-ਸਾਈਟ ਤੇ ਆਪਣੇ ਆਪ ਨੂੰ ਰਜਿਸਟਰਡ ਕੀਤਾ ਗਿਆ ਸੀ ਜਾਂ ਸਬੰਧਤ ਐਸ ਡੀ ਐਮ ਦਫਤਰ ਵਿਚ ਇਸ ਸਬੰਧੀ ਅਰਜ਼ੀ ਦਿੱਤੀ ਸੀ ।ਜਿਸ ਉਪਰੰਤ ਸਿਹਤ ਵਿਭਾਗ ਦੀਆ ਵੱਖ ਵੱਖ ਟੀਮਾਂ ਵੱਲੋਂ ਇਨ੍ਹਾਂ ਦੀ ਥਰਮਲ ਸਕਰੀਨਿੰਗ ਤੋਂ ਇਲਾਵਾ ਸਿਹਤ ਜਾਂਚ ਕੀਤੀ ਗਈ ਅਤੇ ਇਹ ਸਾਰੇ ਹੀ 105 ਲੋਕ ਮੈਡੀਕਲ ਫਿੱਟ ਪਾਏ ਗਏ। ਉਨ੍ਹਾਂ ਦੱਸਿਆ ਕਿ ਅੱਜ ਸਵੇਰੇ ਫਰੀਦਕੋਟ(70),ਕੋਟਕਪੂਰਾ (30),ਜੈਤੋ (5) ਨਾਲ ਸਬੰਧਤ ਇਨ੍ਹਾਂ ਲੋਕਾਂ ਨੂੰ ਜੋ ਕਿ ਝਾਰਖੰਡ ਦੇ ਵਸਨੀਕ ਸਨ ਨੂੰ ਬੱਸ ਸਟੈਂਡ ਫਰੀਦਕੋਟ ਵਿਖੇ ਇੱਕਠਾ ਕੀਤਾ ਗਿਆ ਅਤੇ ਇਨ੍ਹਾਂ ਨੂੰ ਸਵੇਰੇ ਬਰੇਕ ਫਾਸਟ ਕਰਵਾਇਆ ਗਿਆ ਅਤੇ ਉਸ ਉਪਰੰਤ ਦੁਪਹਿਰ ਦਾ ਖਾਣਾ ਅਤੇ ਹੋਰ ਸੁੱਕਾ ਰਾਸ਼ਨ ਇਨ੍ਹਾਂ ਨੂੰ ਨਾਲ ਦਿੱਤਾ ਗਿਆ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਸਮੂਹ ਝਾਰਖੰਡ ਦੇ ਨਾਗਰਿਕਾਂ ਨੂੰ ਇਥੋ ਰਵਾਨਾ ਕੀਤਾ ਅਤੇ ਉਨ੍ਹਾਂ ਦੇ ਚੰਗੇ ਸਫਰ ਲਈ ਸੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਵੱਡੀ ਗਿਣਤੀ ਵਿਚ ਮਜ਼ਦੂਰਾਂ ਨੇ ਦੱਸਿਆ ਕਿ ਉਹ ਕਰਫਿਊ ਤੇ ਲਾਕਡਾਊਨ ਕਾਰਨ ਆਪਣੇ ਘਰ ਵਾਪਸ ਜਾ ਰਹੇ ਹਨ ਅਤੇ ਜਦੋਂ ਵੀ ਹਾਲਾਤ ਆਮ ਵਰਗੇ ਹੋ ਗਏ ਤਾਂ ਉਹ ਵਾਪਸ ਫਰੀਦਕੋਟ ਆ ਕੇ ਆਪਣੇ ਕੰਮ ਕਾਰ ਵਿਚ ਫਿਰ ਜੁਟ ਜਾਣਗੇ।ਮਜਦੂਰਾਂ ਵੱਲੋਂ ਪੰਜਾਬ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ

ਫਰੀਦਕੋਟ ਵੱਲੋਂ ਉਨ੍ਹਾਂ ਨੂੰ ਵਾਪਸ ਉਨ੍ਹਾਂ ਦੇ ਰਾਜ ਵਿਚ ਭੇਜਣ ਅਤੇ ਉਨ੍ਹਾਂ ਨੂੰ ਸਫਰ ਦੀਆਂ ਹੋਰ ਸੁੱਖ ਸਹੂਲਤਾਂ ਪ੍ਰਦਾਨ ਕਰਨ ਲਈ ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਤੇ ਸਮੂਹ ਅਧਿਕਾਰੀਆਂ ਦਾ ਧੰਨਵਾਦ ਵੀ ਕੀਤਾ।

ਇਸ ਮੌਕੇ ਫਰੀਦਕੋਟ ਦੇ ਐਸ ਡੀ ਐਮ ਪਰਮਦੀਪ ਸਿੰਘ,ਜੀ ਏ ਸ੍ਰੀ ਤਰਸੇਮ ਚੰਦ,ਤਹਿਸੀਲਦਾਰ ਪਰਮਜੀਤ ਸਿੰਘ ਬਰਾੜ ਅਤੇ ਨਾਇਬ ਤਹਿਸੀਲਦਾਰ ਅਨਿਲ ਸ਼ਰਮਾ ਸਮੇਤ ਵੱਡੀ ਗਿਣਤੀ ਵਿਚ ਅਧਿਕਾਰੀ ਹਾਜ਼ਰ ਸਨ।

Dispatch No I/23410/2020

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਜ਼ਿਲ੍ਹਾ ਮੈਜਿਸਟ੍ਰੇਟ ਫ਼ਰੀਦਕੋਟ  ਨੇ ਜ਼ਿਲ੍ਹੇ ਦੇ ਰੈਸਟੋਰੈਂਟ ,ਖਾਣ -ਪੀਣ ਵਾਲੀਆਂ ਦੁਕਾਨਾਂ ,ਆਈਸਕ੍ਰੀਮ ,ਜੂਸ ਦੀਆਂ ਦੁਕਾਨਾਂ ਆਦਿ ਨੂੰ ਘਰਾਂ ਵਿੱਚ ਸਪਲਾਈ ਲਈ ਕਰਫਿਊ ਦੌਰਾਨ ਖੋਲ੍ਹਣ ਦੀ ਖੁੱਲ੍ਹ

ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਖੁੱਲ੍ਹ ਸਕਣਗੀਆਂ ਇਹ ਦੁਕਾਨਾਂ

ਕਰਫਿਊ ਦੇ ਨਿਯਮਾਂ ,ਸਮਾਜਿਕ ਦੂਰੀ ਅਤੇ ਸਿਹਤ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੇ ਵੀ ਆਦੇਸ਼ ਦਿੱਤੇ

ਹੌਟ ਸਪੌਟ ਅਤੇ ਕੰਟੇਨਮੈਂਟ ਜ਼ੋਨਾਂ ਵਿੱਚ ਇਹ ਢਿੱਲ ਨਹੀਂ ਦਿੱਤੀ ਜਾਏਗੀ।

ਫਰੀਦਕੋਟ 10 ਮਈ ( ) ਜ਼ਿਲ੍ਹਾ ਮੈਜਿਸਟਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਕਰੋਨਾ ਮਹਾਂਮਾਰੀ ਤੋ ਬਚਾਅ ਲਈ 23 ਮਾਰਚ ਤੋਂ ਲਗਾਏ ਕਰਫਿਊ ਦੀ ਲਗਾਤਾਰਤਾ ਵਿਚ ਫਰੀਦਕੋਟ ਜ਼ਿਲ੍ਹੇ ਵਿਚ ਰੈਸਟੋਰੇਂਟ, ਖਾਣ ਪੀਣ ਵਾਲੀਆਂ ਦੁਕਾਨਾਂ, ਜੂਸ ਦੁਕਾਨਾਂ, ਆਈਸ ਕਰੀਮ ਆਦਿ ਦੀਆਂ ਦੁਕਾਨਾਂ ਨੂੰ ਸ਼ਰਤਾਂ ਸਹਿਤ ਅਤੇ ਜ਼ੋਨ ਵਾਈਜ ਕਰਫਿਊ ਤੋਂ ਖੁੱਲ ਦਿੱਤੀ ਹੈ। ਇਹ ਖੁੱਲ ਸਿਰਫ ਦੁਕਾਨਦਾਰਾਂ ਨੂੰ ਉਪਰੋਕਤ ਵਸਤਾਂ ਦੀ ਘਰਾਂ ਵਿਚ ਸਪਲਾਈ ਲਈ ਕੀਤੀ ਗਈ ਹੈ ਇਸ ਲਈ ਦੁਕਾਨਾਂ ਖੁੱਲਣ ਦਾ ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾ ਹੋਵੇਗਾ। ਹੌਟ ਸਪੌਟ ਅਤੇ ਕੰਟੇਨਮੈਂਟ ਜ਼ੋਨਾਂ ਵਿੱਚ ਇਹ ਢਿੱਲ ਨਹੀਂ ਦਿੱਤੀ ਜਾਏਗੀ।

ਜ਼ਿਲ੍ਹਾ ਫਰੀਦਕੋਟ ਵਿੱਚ ਰੈਸਟੋਰੈਂਟ, ਈਟਰਜ਼, ਹਲਵਾਈ  ਆਈਸ ਕਰੀਮ ਦੁਕਾਨਾਂ, ਜੂਸ ਦੁਕਾਨਾਂ ਨੂੰ ਹੇਠ ਲਿਖੀਆਂ ਸ਼ਰਤਾਂ ਦੇ ਤਹਿਤ ਹੋਮ ਡਿਲਿਵਰੀ ਲਈ ਖੋਲ੍ਹਣ ਦੀ ਆਗਿਆ ਦਿੱਤੀ ਗਈ ਹੈ।

ਬੈਠ ਕੇ ਖਾਣੇ ਦੀ ਆਗਿਆ ਨਹੀਂ ਹੋਵੇਗੀ.

ਕੰਮ ਵਾਲੀ ਜਗ੍ਹਾ 'ਤੇ ਸਫਾਈ ਨੂੰ ਧਿਆਨ ਵਿੱਚ ਰਖਿਆ ਜਾਵੇਗਾ।

ਰੈਸਟੋਰੈਂਟ ਮਾਲਕ ਨੂੰ ਹਰ ਰੋਜ਼ ਰੈਸਟੋਰੈਂਟ ਵਿਚ ਆਉਣ ਵਾਲੇ ਸਾਰੇ ਕਰਮਚਾਰੀਆਂ ਦਾ ਤਾਪਮਾਨ ਰਿਕਾਰਡ ਕਰਨਾ ਹੋਵੇਗਾ ਅਤੇ ਉਸਦਾ ਰਿਕਾਰਡ ਵੀ ਰਖਣਾ ਪਵੇਗਾ। .

ਕੰਮ ਦੀ ਜਗਾ ਅਤੇ ਟੱਚ ਪੁਆਇੰਟਾਂ ਦੀ ਵਾਰ ਵਾਰ ਸਫਾਈ / ਰੋਗਾਣੂ ਮੁਕਤ ਕਰਨਾ ਯਕੀਨੀ ਬਣਾਇਆ ਜਾਵੇਗਾ ਜਿਵੇਂ ਕਿ ਦਰਵਾਜ਼ੇ ਦੇ ਹੈਂਡਲ ਆਦਿ।

ਫੇਸ ਮਾਸਕ ਸਾਰੇ ਕਰਮਚਾਰੀਆਂ ਲਈ ਲਾਜ਼ਮੀ ਹੋਵੇਗਾ ਅਤੇ  ਹਰ ਦਿਨ ਬਦਲਿਆ ਜਾਣਾ ਚਾਹੀਦਾ ਹੈ।

ਕੰਮ ਕਰਦੇ ਹੋਏ ਸਮਾਜਕ ਦੂਰੀ ਨੂੰ ਯਕੀਨੀ ਬਣਾਇਆ ਜਾਵੇ।

ਕੰਮ ਕਰਨ ਵਾਲਿਆ ਲਈ ਹੱਥ ਧੋਣ ਅਤੇ ਸੈਨੇਟਾਈਜਰ ਦੀ ਵਰਤੋ ਨੂੰ ਯਕੀਨੀ ਬਣਾਇਆ ਜਾਵੇ।

ਖਾਣੇ ਦੀ ਘਰ ਘਰ ਸਪਲਾਈ ਦੇ ਦੌਰਾਨ ਇਨ੍ਹਾ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕੀਤੀ ਜਾਵੇ:

ਘਰ ਘਰ ਖਾਣ ਪੀਣ ਵਾਲੀਆਂ ਵਸਤਾਂ ਦੀ ਸਪਲਾਈ ਲਈ ਵਸਤਾਂ ਨੂੰ ਚੰਗੀ ਤਰਾਂ ਨਾਲ ਪੈਕ ਕੀਤਾ ਜਾਣਾ ਚਾਹੀਦਾ ਹੈ।

ਡਿਲਿਵਰੀ / ਟ੍ਰਾਂਸਪੋਰਟ ਵਾਹਨਾਂ ਦੀ ਨਿਯਮਤ ਤੌਰ 'ਤੇ ਸਾਫ ਅਤੇ ਸਫਾਈ ਕੀਤੀ ਜਾਏਗੀ।

ਲੋਕਾਂ ਨੂੰ ਭੋਜਨ ਪਹੁੰਚਾਉਂਦੇ ਸਮੇਂ ਕਿਸੇ ਦੇ ਸੰਪਰਕ ਵਿਚ ਨਾ ਆਇਆ ਜਾਵੇ ਅਤੇ ਆਮ ਟੱਚ ਪੁਆਇੰਟ ਜਿਵੇਂ ਡੋਰ ਬੈਲ ਨਾਲ ਸੰਪਰਕ ਕਰਨ ਤੋਂ ਪਰਹੇਜ਼ ਕੀਤਾ ਜਾਵੇ। .

ਘਰ ਘਰ ਸਪਲਾਈ ਕਰਨ ਵਾਲੇ ਕਾਮਿਆਂ ਲਈ ਫੇਸ ਮਾਸਕ ਤੇ ਗਲਵਜ ਦੀ ਵਰਤੋਂ ਕੀਤੀ ਜਾਵੇ।

ਫਰੀਦਕੋਟ,ਕੋਟਕਪੂਰਾ ਅਤੇ ਜੈਤੋ ਵਿਖੇ ਜੋਨ ਵਾਈਜ ਅਤੇ ਦਿਨ ਵਾਈਜ਼ ਖੁੱਲਣ ਵਾਲੇ ਰੈਸਟੋਰੈਂਟ, ਈਟਰਜ਼, ਹਲਵਾਈ  ਆਈਸ ਕਰੀਮ ਦੁਕਾਨਾਂ, ਜੂਸ ਦੁਕਾਨਾਂ ਦਾ ਵੇਰਵਾ (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ)

ਜ਼ੋਨ ਏ- ਫਰੀਦਕੋਟ, ਸਰਕੂਲਰ ਰੋਡ ਫਰੀਦਕੋਟ ਦਾ ਸਾਰਾ ਖੇਤਰ, ਸੋਮਵਾਰ ਅਤੇ ਵੀਰਵਾਰ ਉਪਰੋਕਤ ਸਮੇਂ ਅਨੁਸਾਰ ਹੋਮ ਡਿਲੀਵਰੀ ਲਈ ਦੁਕਾਨਾਂ ਖੁੱਲਣਗੀਆਂ।

ਜ਼ੋਨ ਬੀ- ਫਰੀਦਕੋਟ, ਉਹ ਦੁਕਾਨਾਂ ਜਿਹੜੀਆਂ ਕਿ ਭੋਲੂਵਾਲਾ ਰੋਡ ਦੇ ਖੱਬੇ ਪਾਸੇ ਤੋਂ ਰੇਲਵੇ ਸਟੇਸ਼ਨ ਤੋਂ ਭਾਈ ਘਨੱਈਆ ਚੌਂਕ ਤੋਂ ਬੱਸ ਸਟੈਂਡ ਰੋਡ ਤੋਂ ਅੱਗੇ ਅਮਰ ਆਸ਼ਰਮ ਤੋਂ ਕਮਿਆਨਾ ਚੌਕ ਅਤੇ ਟੀ ਸੀ ਪੀ ਆਰਮੀ ਗੇਟ ਤੱਕ, ਮੰਗਲਵਾਰ ਤੇ ਸੁਕਰਵਾਰ,ਉਪਰੋਕਤ ਸਮੇਂ ਅਨੁਸਾਰ ਹੋਮ ਡਿਲਿਵਰੀ ਲਈ ਦੁਕਾਨਾਂ ਖੁੱਲਣਗੀਆਂ।

ਜ਼ੋਨ ਸੀ- ਫਰੀਦਕੋਟ, ਉਹ ਦੁਕਾਨਾਂ ਜਿਹੜੀਆਂ ਕਿ ਭੋਲੂਵਾਲਾ ਰੋਡ ਦੇ ਸੱਜੇ ਪਾਸੇ ਭੋਲੂਵਾਲਾ ਰੋਡ ਤੋਂ ਰੇਲਵੇ ਸਟੇਸ਼ਨ ਤੋਂ ਭਾਈ ਘਨੱਈਆ ਚੌਂਕ ਤੋਂ ਨੰਦਿਆਣਾ ਗੇਟ ਗਊਸ਼ਾਲਾ ਤੋਂ ਨਿਊ ਮਾਡਲ ਸਕੂਲ ਤੋਂ ਕਮਿਆਨਾ ਚੌਂਕ ਅਤੇ ਟੀ ਸੀ ਪੀ ਆਰਮੀ ਗੇਟ ਤੱਕ ਦੀਆਂ ਦੁਕਾਨਾਂ ਬੁੱਧਵਾਰ ਤੇ ਸ਼ਨੀਵਾਰ,ਉਪਰੋਕਤ ਸਮੇਂ ਅਨੁਸਾਰ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਕੋਟਕਪੂਰਾ ਸ਼ਹਿਰ ਦਾ ਜੋਨ ਵਾਈਜ ਵੇਰਵਾ (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 03 ਵਜੇ)

ਜੋਨ ਏ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਮੁਕਤਸਰ ਰੋਡ ਤੋਂ ਖੱਬੇ ਪਾਸੇ ਤੋਂ ਬੱਤੀਆਂ ਵਾਲਾ ਚੌਕ ਤੋਂ ਮੋਗਾ ਰੋਡ ਤੱਕ ਹਨ, ਸੋਮਵਾਰ ਤੇ ਵੀਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਜੋਨ ਬੀ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਮੁਕਤਸਰ ਰੋਡ ਤੋਂ ਸੱਜੇ ਪਾਸੇ ਤੋਂ ਬੱਤੀਆਂ ਵਾਲਾ ਚੌਕ ਤੋਂ ਪੁਰਾਣਾ ਜੈਤੋ ਰੋਡ ਤੱਕ ਹਨ,ਮੰਗਲਵਾਰ ਤੇ ਸੁਕਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਜੋਨ ਸੀ- ਕੋਟਕਪੂਰਾ, ਉਹ ਦੁਕਾਨਾਂ ਜਿਹੜੀਆਂ ਬੱਤੀਆਂ ਵਾਲਾ ਚੌਂਕ ਦੇ ਵਿਚ ਹਨ ਤੋਂ ਓਲਡ ਜੈਤੋ ਰੋਡ ਅਤੇ ਮੋਗਾ ਰੋਡ ਤੱਕ, ਬੁੱਧਵਾਰ ਅਤੇ ਸ਼ਨੀਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਜੈਤੋ ਦਾ ਜੋਨ ਵਾਈਜ ਵੇਰਵਾ (ਸਮਾਂ ਸਵੇਰੇ 7 ਵਜੇ ਤੋਂ ਦੁਪਹਿਰ 03 ਵਜੇ)

ਜੋਨ ਏ- ਜੈਤੋ, ਉਹ ਦੁਕਾਨਾਂ ਜਿਹੜੀਆਂ ਸਿਰਫ ਕੋਟਕਪੂਰਾ ਤੋਂ ਬਠਿੰਡਾ ਮੇਨ ਰੋਡ ਦੇ ਖੱਬੇ ਪਾਸੇ ਹਨ, ਸੋਮਵਾਰ ਤੇ ਵੀਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਜੋਨ ਬੀ- ਜੈਤੋ, ਉਹ ਦੁਕਾਨਾਂ ਜਿਹੜੀਆਂ ਕੋਟਕਪੂਰਾ ਬਠਿੰਡਾ ਰੋਡ ਦੇ ਵਿਚਕਾਰ,ਰੇਲਵੇ ਲਾਈਨ ਤੱਕ, ਮੰਗਲਵਾਰ ਤੇ ਸ਼ੁਕਰਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਜੋਨ ਸੀ- ਜੈਤੋ,ਰੇਲਵੇ ਕਰੋਸਿੰਗ ਤੋਂ ਪਾਰ ਦੀਆਂ ਦੁਕਾਨਾਂ, ਬਸਤੀ ਪੀਰ ਖਾਨਾ ਤੋਂ ਮੁਕਤਸਰ ਰੋਡ, ਬੁੱਧਵਾਰ ਤੇ ਸ਼ਨੀਵਾਰ ਸਵੇਰੇ 7 ਵਜੇ ਤੋਂ ਦੁਪਹਿਰ 3 ਵਜੇ ਤੱਕ ਹੋਮ ਡਿਲਿਵਰੀ ਲਈ ਖੁੱਲਣਗੀਆਂ।

ਉਪਰੋਕਤ ਦਰਸਾਏ  ਗਏ ਸਮੇਂ (ਸਵੇਰੇ 07 ਵਜੇ ਤੋਂ ਦੁਪਹਿਰ 3 ਵਜੇ ਤੱਕ) ਤੋਂ ਬਾਅਦ ਕਿਸੇ ਕਿਸਮ ਦੀ ਦੁਕਾਨ ਨਹੀਂ ਖੁੱਲੀ ਜਾਵੇਗੀ ਅਤੇ ਐਤਵਾਰ ਨੂੰ ਕੋਈ ਦੁਕਾਨ ਨਹੀਂ ਖੋਲੀ ਜਾਵੇਗੀ।ਇਹ ਹੁਕਮ ਅਗਲੇ ਹੁਕਮਾਂ ਤੱਕ ਲਾਗੂ ਰਹੇਗਾ।

## ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਈ-ਸੰਜੀਵਨੀ ਓਪੀਡੀ ਪ੍ਰਣਾਲੀ ਦਾ ਵੱਧ ਤੋਂ ਵੱਧ ਲੋਕ ਲਾਭ ਲੈਣ -ਸਿਵਲ ਸਰਜਨ ਡਾ.ਰਜਿੰਦਰ

ਫਰੀਦਕੋਟ ( ) ਪੰਜਾਬ ਸਰਕਾਰ ਨੇ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਸੂਬੇ ਦੇ ਲੋਕਾਂ ਲਈ ਨਿਰਵਿਘਨ ਸਿਹਤ ਸੇਵਾਵਾਂ ਨੂੰ ਯਕੀਨੀ ਬਣਾਉਣ ਲਈ ਲੋਕ ਹਿੱਤ ਉਪਰਾਲਾ ਕੀਤਾ ਹੈ। ਪੰਜਾਬ ਸਰਕਾਰ ਨੇ ਸੀ-ਡੈਕ ਮੁਹਾਲੀ ਵਲੋਂ ਵਿਕਸਤ ਏਕੀਕ੍ਰਿਤ ਟੈਲੀਮੇਡੀਸਨਲ ਸਲਿਊਸ਼ਨ, "ਈ-ਸੰਜੀਵਨੀ-ਆਨਲਾਈਨ ਓਪੀਡੀ " (ਡਾਕਟਰ ਤੋਂ ਮਰੀਜ਼ ਤੱਕ) ਸਫਲਤਾ ਪੂਰਵਕ ਚੱਲ ਰਹੀ ਹੈ।ਇਸ ਬਾਰੇ ਹੋਰ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਫਰੀਦਕੋਟ ਡਾ.ਰਜਿੰਦਰ ਕੁਮਾਰ ਨੇ ਦੱਸਿਆ ਕਿ ਸਿਹਤ ਮੰਤਰੀ ਸ. ਬਲਬੀਰ ਸਿੰਘ ਸਿੱਧੂ ਨੇ ਹਦਾਇਤਾਂ ਜਾਰੀ ਕੀਤੀਆਂ ਹਨ ਕਿ ਇਹ ਉਪਰਾਲਾ ਪੇਂਡੂ ਖੇਤਰਾਂ ਦੇ ਆਮ ਲੋਕਾਂ ਲਈ ਵਿਸ਼ੇਸ਼ ਸਿਹਤ ਸੇਵਾਵਾਂ ਦੀ ਪਹੁੰਚਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਆਨਲਾਈਨ ਓ.ਪੀ.ਡੀ ਦੀਆਂ ਸੇਵਾਵਾਂ ਲੈਣ ਲਈ ਜਾਣਕਾਰੀ ਦਿੱਤੀ ਜਾਵੇ। ਉਨਾਂ ਦੱਸਿਆ ਕਿ ਇਹ ਲੋਕਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ ਮਾਹਰ ਡਾਕਟਰਾਂ ਦੇ ਨੈਟਵਰਕ ਨਾਲ ਜੁੜਨ ਅਤੇ ਘਰ ਬੈਠੇ ਹੀ ਸਿਹਤ ਸੰਬੰਧੀ ਆਮ ਸਮੱਸਿਆਵਾਂ ਲਈ ਡਾਕਟਰੀ ਇਲਾਜ ਅਤੇ ਸਲਾਹ ਲੈਣ ਲਈ ਪਲੇਟਫਾਰਮ ਪ੍ਰਦਾਨ ਕਰਦਾ ਹੈ। ਡਾ.ਰਜਿੰਦਰ ਨੇ ਦੱਸਿਆ ਕਿ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਵਿੱਚ ਟੈਲੀਮੇਡਸੀਨ ਸੇਵਾਵਾਂ ਤੋਂ ਇਲਾਵਾ ਪ੍ਰਸ਼ਾਸਨਿਕ ਸੁਧਾਰਾਂ ਅਤੇ ਲੋਕ ਸ਼ਿਕਾਇਤਾਂ ਵਿਭਾਗ ਦੇ ਸਰਗਰਮ ਸਹਿਯੋਗ ਨਾਲ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਇਸ ਪ੍ਰੋਗਰਾਮ ਨੂੰ ਸੂਬੇ ਭਰ ਵਿੱਚ ਲਾਗੂ ਕੀਤਾ ਹੈ। ਇਸ ਦੁਆਰਾ ਡਾਕਟਰੀ ਸੇਵਾਵਾਂ ਦੀ ਗੁਣਵੱਤਾ ਨੂੰ ਵਧਾਉਣ ਤੋਂ ਇਲਾਵਾ ਇਸ ਸੇਵਾ ਬੁਨਿਆਦੀ ਢਾਂਚੇ ਦੀ ਘਾਟ ਅਤੇ ਮਨੁੱਖੀ ਸਰੋਤਾਂ ਦੀ ਘਾਟ ਨਾਲ ਸਬੰਧਤ ਮੁੱਦਿਆਂ ਨੂੰ ਕੁਝ ਹੱਦ ਤਕ ਹੱਲ ਕਰਨ ਵਿਚ ਸਹਾਈ ਹੋਵੇਗੀ। ਈ-ਸੰਜੀਵਨੀ ਦਾ ਉਦੇਸ਼ ਸ਼ਹਿਰੀ ਤੇ ਪੇਂਡੂ ਅਤੇ ਅਮੀਰ ਬਨਾਮ ਗਰੀਬਾਂ ਵਿਚਕਾਰ ਮੌਜੂਦ ਡਿਜੀਟਲ ਵੰਡ ਨੂੰ ਪੂਰਾ ਕਰਦਿਆਂ ਸਿਹਤ ਸੇਵਾਵਾਂ ਨੂੰ ਬਰਾਬਰ ਬਣਾਉਣਾ ਹੈ।ਇਸ ਵਿੱਚ ਮਰੀਜ਼ਾਂ ਦੀ ਰਜਿਸਟ੍ਰੇਸ਼ਨ, ਟੋਕਨ ਜਨਰੇਸ਼ਨ, ਕਤਾਰ ਪ੍ਰਬੰਧਨ, ਸਬੰਧਤ ਡਾਕਟਰ ਨਾਲ ਆਡੀਓ-ਵੀਡੀਓ ਮਸ਼ਵਰਾ, ਈ-ਪ੍ਰਸਕ੍ਰਿਪਸ਼ਨ, ਐਸਐਮਐਸ/ ਈਮੇਲ ਨੋਟੀਫਿਕੇਸ਼ਨ ਅਤੇ ਰਾਜ ਦੇ ਡਾਕਟਰਾਂ ਦੁਆਰਾ ਸੇਵਾਵਾਂ (ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਤੋਂ) ਪੂਰੀ ਤਰਾਂ ਮੁਫਤ ਹਨ।ਉਨਾਂ ਦੱਸਿਆ ਕਿ ਪੰਜਾਬ ਵਿੱਚ ਡਾਕਟਰ ਪਿਛਲੇ ਇੱਕ ਦਹਾਕੇ ਤੋਂ ਈ-ਸੰਜੀਵਨੀ (ਡਾਕਟਰ ਤੋਂ ਡਾਕਟਰ) ਪ੍ਰਣਾਲੀ ਦਾ ਇਸਤੇਮਾਲ ਕਰ ਰਹੇ ਹਨ, ਇਸ ਲਈ ਈ-ਸੰਜੀਵਾਨੀ - ਆਨਲਾਈਨ ਓਪੀਡੀ (ਡਾਕਟਰ ਤੋਂ ਮਰੀਜ਼) ਪਲੇਟਫਾਰਮ ਨੂੰ ਅਪਨਾਉਣ ਵਿੱਚ ਉਨਾਂ ਨੂੰ ਬਹੁਤਾ ਸਮਾਂ ਨਹੀਂ ਲਗੇਗਾ।ਉਨਾਂ ਕਿਹਾ ਕਿ ਤਾਲਾਬੰਦੀ ਦੌਰਾਨ ਗੈਰ-ਐਮਰਜੈਂਸੀ ਮਾਮਲਿਆਂ ਵਿੱਚ ਡਾਕਟਰਾਂ ਤੱਕ ਪਹੁੰਚ ਨਾ ਕਰਨ ਕਾਰਨ ਨਾਗਰਿਕਾਂ ਵਿੱਚ ਕੁਝ ਹੱਦ ਤਕ ਬੇਚੈਨੀ ਹੈ। ਉਨਾਂ ਨੇ ਅੱਗੇ ਕਿਹਾ ਕਿ ਇਹ ਤਕਨੀਕ ਸਮਾਜ ਦੇ ਸਾਰੇ ਵਰਗਾਂ ਨੂੰ ਕਰਫਿਊ ਅਤੇ ਕੋਵਿਡ -19 ਮਹਾਂਮਾਰੀ ਦਰਮਿਆਨ ਮਿਆਰੀ ਡਾਕਟਰੀ ਸਲਾਹ ਅਤੇ ਇਲਾਜ ਦੀ ਮੁਹੱਈਆ ਕਰਵਾਉਣ ਵਿਚ ਸਹਾਇਤਾ ਕਰੇਗੀ। ਇਹ ਵਿਸ਼ੇਸ਼ਤਾ ਕੋਵਾ ਪੰਜਾਬ ਮੋਬਾਈਲ ਐਪਲੀਕੇਸ਼ਨ ਵਿਚ ਵੀ ਉਪਲਬਧ ਹੈ ਜੋ ਐਂਡਰਾਇਡ ਲਈ ਗੂਗਲ ਪਲੇ ਸਟੋਰ ਤੇ ਅਤੇ ਆਈਓਐਸ ਲਈ ਐਪਲ ਐਪਸਟੋਰ ਤੇ ਉਪਲਬਧ ਹੈ। "ਈ-ਸੰਜੀਵਨੀ-ਓਪੀਡ" ਦੇ ਲਾਭ ਲੈਣ ਲਈ ਮਰੀਜ਼ / ਵਿਅਕਤੀ ਕੋਲ ਇੱਕ ਕੰਪਿਊਟਰ, ਲੈਪਟਾਪ ਜਾਂ ਟੈਬਲੇਟ (ਟੈਬ) ਦੇ ਨਾਲ ਇੱਕ ਵੱਖਰਾ ਜਾਂ ਇਨਬਿਲਟ ਵੈਬਕੈਮ, ਮਾਈਕ, ਸਪੀਕਰ ਅਤੇ ਇੱਕ 2 ਐਮਬੀਪੀਐਸ ਜਾਂ ਤੇਜ਼ ਇੰਟਰਨੈਟ ਕਨੈਕਸ਼ਨ ਹੋਣਾ ਚਾਹੀਦਾ ਹੈ। ਮੁਫਤ ਮੈਡੀਕਲ ਸਲਾਹ ਪ੍ਰਦਾਨ ਕਰਨ ਲਈ, ਸ਼ੁਰੂ ਵਿਚ ਰਾਜ ਸਿਹਤ ਵਿਭਾਗ ਦੇ ਡਾਕਟਰਾਂ ਦੀ ਇਕ ਟੀਮ ਸੋਮਵਾਰ ਤੋਂ ਸ਼ਨੀਵਾਰ (ਸਵੇਰੇ 10 ਵਜੇ ਤੋਂ 1 ਵਜੇ ਤੱਕ) ਉਪਲੱਬਧ ਰਹੇਗੀ ਅਤੇ ਲੋੜ ਪੈਣ ਤੇ ਇਹ ਸਮਰੱਥਾ ਲੋਕਾਂ ਦੇ ਫੀਡਬੈਕ ਦੇ ਆਧਾਰ ਤੇ ਵਧਾਈ ਜਾ ਸਕਦੀ ਹੈ। ਇਹ ਸਹੂਲਤ ਉਨਾਂ ਬਿਮਾਰ ਲੋਕਾਂ ਲਈ ਲਾਭਕਾਰੀ ਹੋਵੇਗੀ ਜੋ ਕੋਵਿਡ -19 ਮਹਾਂਮਾਰੀ ਦੇ ਮੱਦੇਨਜ਼ਰ ਹਸਪਤਾਲਾਂ ਜਾਣ ਤੋਂ ਡਰ ਮਹਿਸੂਸ ਕਰ ਰਹੇ ਹਨ।ਸਿਵਲ ਸਰਜਨ ਨੇ ਸਮੂਹ ਮੈਡੀਕਲ,ਪੈਰਾ-ਮੈਡੀਕਲ ਅਤੇ ਮਾਸ ਮੀਡੀਆ ਟੀਮ ਨੂੰ ਹਦਾਇਤ ਕੀਤੀ ਕਿ ਇਸ ਸੁਵਿਧਾ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇ ਤਾਂ ਜੋ ਵੱਧ ਤੋਂ ਵੱਧ ਲੋਕ ਇਸ ਓ.ਪੀ.ਡੀ ਸਕੀਮ ਦਾ ਲਾਭ ਲੈ ਸਕਣ।